# ਨੁੱਕੜ ਨਾਟਕ ਰਾਹੀਂ ਕੀਤਾ ਸਾਈਬਰ ਕ੍ਰਾਈਮ ਦੇ ਟੋਲ ਫਰੀ 1930 ਬਾਰੇ ਜਾਗਰੂਕ



Daily Just Punjabi
Online News Media
ਜਸਟ ਪੰਜਾਬੀ

ਗੁਰਬਾਜ ਗਿੱਲ 98723-62507
(ਸੰਗੀਤਕ ਤੇ ਫ਼ਿਲਮੀ ਪੱਤਰਕਾਰ) 25 ਅਕਤੂਬਰ 2024

ਪਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਦੀ ਯੋਗ ਅਗਵਾਈ ਹੇਠ ਅਤੇ ਸ੍ਰੀਮਤੀ ਨੀਲਮ ਰਾਣੀ ਜ਼ਿਲਾ ਸਿੱਖਿਆ ਅਫਸਰ ਸੈਕੰਡਰੀ ਦੇ ਸਹਿਯੋਗ ਸਦਕਾ ਲੋਕਾਂ ਨੂੰ ਸਾਈਬਰ ਕ੍ਰਾਈਮ ਬਾਰੇ ਜਾਗਰੂਕ ਕਰਨ ਲਈ ਕੁਵਿਕ ਹੀਲ ਫਾਊਂਡੇਸ਼ਨ ਮਹਾਰਾਸ਼ਟਰ ਵੱਲੋਂ ਪੰਜਾਬ ਦੇ ਜ਼ਿਲਾ ਫਰੀਦਕੋਟ ਵਿੱਚ ਇੱਕ ਮੁਹਿੰਮ ਚਲਾਈ ਜਾ ਰਹੀ ਹੈ। ਜਿਸ ਵਿੱਚ ਆਧਾਰ ਵਿਕਾਸ ਸਮਾਜਿਕ ਸੰਸਥਾ ਵੱਲੋਂ ਨਿਯੁਕਤ ਕੀਤੇ ਗਏ ਪ੍ਰਸਿੱਧ ਰੰਗ ਕਰਮੀ ਅਤੇ ਫਿਲਮੀ ਅਦਾਕਾਰ ਛਿੰਦਰਪਾਲ ਸ਼ਰਮਾ ਦੀ ਨਿਰਦੇਸ਼ਨਾ ਹੇਠ ਨੁੱਕੜ ਨਾਟਕ ਪੇਸ਼ ਕੀਤੇ ਜਾ ਰਹੇ ਹਨ। ਜਿਸ ਲੜੀ ਵਿੱਚ ਅੱਜ ਸਥਾਨਕ ਬਾਬਾ ਫਰੀਦ ਪਬਲਿਕ ਸਕੂਲ






ਵਿਖੇ ਆਪਣਾ ਨੁੱਕੜ ਨਾਟਕ ਪੇਸ਼ ਕੀਤਾ, ਜਿਸ ਵਿੱਚ ਲੋਕਾਂ ਨੂੰ ਸਾਈਬਰ ਕ੍ਰਾਈਮ ਬਾਰੇ ਜਾਣਕਾਰੀ ਦਿੱਤੀ ਗਈ ਜਿਵੇਂ ਕਿ ਕਿਵੇਂ ਤੁਰੰਤ ਲੋਨ ਦੇਣ ਵਾਲੀਆਂ ਬੈਂਕਾਂ ਲੋਕਾਂ ਨਾਲ ਧੋਖਾ ਕਰਦੀਆਂ ਹਨ, ਸ਼ਾਦੀ ਡਾਟ ਕਾਮ ਉੱਤੇ ਗਲਤ ਆਈਡੀਆ ਬਣਾਕੇ ਕਿਵੇਂ ਕੁੜੀਆਂ ਮੁੰਡਿਆਂ ਨੂੰ ਬਲੈਕਮੇਲ ਕਰਦੀਆਂ ਹਨ, ਫੇਸਬੁੱਕ, ਟਵਿਟਰ ਤੇ ਗਲਤ ਅਕਾਊਂਟ ਬਣਾਕੇ ਕਿਵੇਂ ਲੋਕਾਂ ਨਾਲ ਕ੍ਰਾਈਮ ਕੀਤਾ ਜਾਂਦਾ ਹੈ। ਇਸ ਨਾਟਕ ਵਿੱਚ ਯਾਦਵਿੰਦਰ ਸਿੰਘ ਅੰਗਰੇਜ ਸਿੰਘ ਕਮਲਦੀਪ ਕੌਰ ਨਵਨੀਤ ਕੌਰ ਨੇ ਭਾਗ ਲਿਆ। ਬੱਚਿਆਂ ਨੂੰ ਸੰਬੋਧਨ ਕਰਦਿਆਂ ਛਿੰਦਰਪਾਲ ਸ਼ਰਮਾ ਨੇ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਨੂੰ ਵੀ ਆਪਣਾ ਆਧਾਰ ਕਾਰਡ, ਪੈਨ ਕਾਰਡ, ਬੈਂਕ ਦੀ ਕਾਪੀ ਅਤੇ ਮੋਬਾਈਲ ਉੱਤੇ ਆਏ ਓ.ਟੀ.ਪੀ ਸਾਂਝਾ ਨਾ ਕਰਨ। ਉਹਨਾਂ ਨੇ ਬੱਚਿਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਮੋਬਾਇਲ ਉੱਤੇ ਗੇਮ ਖੇਡਣ ਦੀ ਬਜਾਏ ਖੇਡ ਦੇ ਮੈਦਾਨ ਵਿੱਚ ਜਾ ਕੇ ਖੇਡਣ ਜਿਸ ਦੇ ਨਾਲ ਉਹਨਾਂ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਹੋਵੇਗਾ। ਉਹਨਾਂ ਨੇ ਦੱਸਿਆ ਕਿ ਸਾਈਬਰ ਕਰਾਈਮ ਦਾ ਸ਼ਿਕਾਰ ਹੋਣ ਵਾਲੇ ਲੋਕ ਜਿਲੇ ਪੱਧਰ ਦੇ ਉੱਪਰ ਬਣੇ ਹੋਏ ਸਾਈਬਰ ਪੁਲਿਸ ਸਟੇਸ਼ਨ ਜਾਂ ਪੁਲਿਸ ਸਟੇਸ਼ਨ ਤੇ ਜਾ ਕੇ ਆਪਣੀ ਲਿਖਤੀ ਰਿਪੋਰਟ ਦੇ ਸਕਦੇ ਹਨ ਇਸ ਤੋਂ ਇਲਾਵਾ ਇੱਕ ਟੋਲ ਫਰੀ ਨੰਬਰ ਇਸ ਤੋਂ ਇਲਾਵਾ 1930 ਟੋਲ ਫਰੀ ਨੰਬਰ ਉੱਤੇ ਵੀ ਆਪਣੀ ਕੰਪਲ ਸ਼ਿਕਾਇਤ ਦਰਜ ਕਰਵਾ ਸਕਦੇ ਹਨ।